ਸਰਹੱਦੀ ਜਿਲ੍ਹਿਆਂ ਦੀ ਜਮੀਨ ਨੂੰ ਸਿਲਟ ਮੁਕਤ ਕਰਨ ਲਈ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੇਂਦਰ ਨੂੰ ਆਰ.ਕੇ.ਵੀ.ਵਾਈ ਯੋਜਨਾ ਤਹਿਤ 151 ਕਰੋੜ ਜਾਰੀ ਕਰਨ ਦੀ ਅਪੀਲ

ਚੰਡੀਗੜ੍ਹ/ਨਵੀਂ ਦਿੱਲੀ, 16 ਸਤੰਬਰ (ਅੰਮ੍ਰਿਤਪਾਲ ਸਿੰਘ) : ਹਾਲ ਵਿਚ ਆਏ ਹੜਾਂ ਕਾਰਨ ਪੰਜਾਬ ਦੇ 2185 ਪਿੰਡਾਂ ਵਿਚ 5 ਲੱਖ ਏਕੜ ਖੇਤਰ ਵਿਚ ਫਸਲਾਂ ਦੀ ਹੋਈ ਤਬਾਹੀ ਦਾ ਹਵਾਲਾ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਦੇ ਸਰਹੱਦੀ ਜਿਲਿਆਂ ਵਿਚ ਖੇਤੀਬਾੜੀ ਜਮੀਨ ਨੂੰ ਸਿਲਟ ਮੁਕਤ ਕਰਨ ਲਈ ਕੇਂਦਰ ਸਰਕਾਰ ਨੂੰ ਕੌਮੀ ਖੇਤੀ ਵਿਕਾਸ ਯੋਜਨਾ (ਆਰ.ਕੇ.ਵੀ.ਵਾਈ) ਤਹਿਤ ਵਾਧੂ ਵਿੱਤੀ ਸਹਾਇਤਾ ਲਈ 151 ਕਰੋੜ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ। ਅੱਜ ਇਥੋਂ ਦੇ ਪੂਸਾ ਭਵਨ ਵਿਖੇ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਦੀ ਪ੍ਰਧਾਨਗੀ ਹੇਠ ਹੋਈ ਹਾੜ੍ਹੀ ਦੀਆਂ ਫਸਲਾਂ ਸਬੰਧੀ ਕੌਮੀ ਖੇਤੀਬਾੜੀ ਕਾਨਫਰੰਸ -2025 ਨੂੰ ਸੰਬੋਧਨ ਕਰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਹਾਲੀਆ ਹੜਾਂ ਸਦਕਾ ਖੇਤੀਬਾੜੀ ਅਧੀਨ ਰਕਬੇ ਅਤੇ ਖੜੀਆਂ ਫਸਲਾਂ ਦੀ ਵੱਡੇ ਪੈਮਾਨੇ ਤੇ ਤਬਾਹੀ ਹੋਈ ਹੈ। ਸਰਹੱਦੀ ਜਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਪਠਾਨਕੋਟ, ਕਪੂਰਥਲਾ, ਫਾਜ਼ਿਲਕਾ ਅਤੇ ਫਿਰੋਜਪੁਰ ਸਭ ਤੋਂ ਵਧੇਰੇ ਪ੍ਰਭਾਵਿਤ ਹੋਏ ਹਨ ਅਤੇ ਇਥੇ ਜਮੀਨਾਂ ਵਿਚ 5-5 ਫੁੱਟ ਤੱਕ ਸਿਲਟ/ਰੇਤ ਜਮਾਂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਮੁਲਕ ਦੇ ਕਿਸੇ ਵੀ ਖਿੱਤੇ ਵਿਚ ਲੋਕਾਂ ਤੇ ਮੁਸ਼ਕਿਲ ਬਣਨ ਤੇ ਹਮੇਸ਼ਾ ਵੱਡੇ ਦਿਲ ਨਾਲ ਮੱਦਦ ਕੀਤੀ ਹੈ ਅਤੇ ਹੁਣ ਇਨ੍ਹਾਂ ਸੰਕਟਮਈ ਹਾਲਾਤਾਂ ਵਿਚੋਂ ਪੰਜਾਬ ਨੂੰ ਬਾਹਰ ਕੱਢਣ ਲਈ ਕੇਂਦਰ ਨੂੰ ਮੱਦਦ ਦਾ ਹੱਥ ਵਧਾਉਣਾ ਚਾਹੀਦਾ ਹੈ। ਸ. ਖੁੱਡੀਆਂ ਨੇ ਜੋਰ ਦਿੱਤਾ ਕਿ ਹਾਲਾਤਾਂ ਦੀ ਤੀਬਰਤਾ ਨੂੰ ਵੇਖਦੇ ਹੋਏ ਆਰ.ਕੇ.ਵੀ.ਵਾਈ ਦੇ ਡੀ.ਪੀ.ਆਰ ਭਾਗ ਤਹਿਤ ਇਹ ਫੰਡ ਜਲਦੀ ਜਾਰੀ ਕੀਤੇ ਜਾਣ ਨਾਲ ਨਾ ਕੇਵਲ ਕਿਸਾਨਾਂ ਦੀ ਮੱਦਦ ਹੋ ਸਕੇਗੀ ਸਗੋਂ ਸੂਬੇ ਵਿਚ ਖੇਤੀਬਾੜੀ ਆਰਥਿਕਤਾ ਦੀ ਮੁੜ ਬਹਾਲੀ ਵੀ ਸੰਭਵ ਹੋ ਸਕੇਗੀ। ਪੰਜਾਬ ਦੇ ਕੈਬਨਿਟ ਮੰਤਰੀ ਨੇ ਮੰਗ ਕੀਤੀ ਕਿ ਕੇਂਦਰ ਪ੍ਰਭਾਵਿਤ ਕਿਸਾਨਾਂ ਨੂੰ 2 ਲੱਖ ਕੁਇੰਟਲ ਕਣਕ ਦਾ ਸਰਟੀਫਾਈਡ ਬੀਜ ਮੁਹੱਈਆ ਕਰਵਾਉਣ ਲਈ ਸੀਡ ਵਿਲੇਜ ਪ੍ਰੋਗਰਾਮ ਤਹਿਤ 80 ਕਰੋੜ ਰੁਪਏ ਜਾਰੀ ਕਰੇ। ਇਸ ਤੋਂ ਇਲਾਵਾ ਕੌਮੀ ਖਾਧ ਮਿਸ਼ਨ ਤਹਿਤ ਕਣਕ ਦੇ ਬੀਜ ਲਈ ਵੱਖਰੇ 25 ਲੱਖ ਰੁਪਏ ਜਾਰੀ ਕੀਤੇ ਜਾਣ ਤਾਂ ਜੋ ਕਿਸਾਨਾਂ ਦੀ ਮੱਦਦ ਸੰਭਵ ਹੋ ਸਕੇ। ਉਨਾਂ ਸ੍ਰੀ ਚੌਹਾਨ ਨੂੰ 637 ਕੁਇੰਟਲ ਸਰੋਂ ਦਾ ਸਰਟੀਫਾਈਡ ਬੀਜ ਅਤੇ 375 ਕੁਇੰਟਲ ਕਾਲੇ ਛੋਲਿਆਂ ਦਾ ਬੀਜ ਦੀ ਪਹਿਲ ਦੇ ਆਧਾਰ ਤੇ ਮੁਹੱਈਆ ਕਰਵਾਉਣ ਦੀ ਵੀ ਅਪੀਲ ਕੀਤੀ। ਸ. ਖੁੱਡੀਆਂ ਨੇ ਇਹ ਵੀ ਮੰਗ ਕੀਤੀ ਕਿ ਕੇਂਦਰ ਡੀ.ਏ.ਪੀ ਅਤੇ ਯੂਰੀਆ ਖਾਦਾਂ ਦੀ ਸੂਬੇ ਦੀ ਜ਼ਰੂਰਤ ਅਨੁਸਾਰ ਸਮੇਂ ਸਿਰ ਸਪਲਾਈ ਨੂੰ ਯਕੀਨੀ ਬਣਾਵੇ। ਉਨਾਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਕੇਂਦਰ ਵੱਲੋਂ ਪੰਜਾਬ ਦੇ ਰੋਕੇ ਹੋਏ ਪੇਂਡੂ ਵਿਕਾਸ ਫੰਡ ਦੇ 8 ਹਜਾਰ ਕਰੋੜ ਅਤੇ ਹੋਰ ਫੰਡ ਤੁਰੰਤ ਜਾਰੀ ਕਰਨ ਲਈ ਨਿੱਝੀ ਦਖਲ ਦੇਣ ਲਈ ਵੀ ਆਖਿਆ। ਕੇਂਦਰੀ ਖੇਤਬਾੜੀ ਮੰਤਰੀ ਸ੍ਰੀ ਚੌਹਾਨ ਨੇ ਸ. ਖੁੱਡੀਆਂ ਨੂੰ ਭਰੋਸਾ ਦਿਵਾਇਆ ਕਿ ਹੜ੍ਹਾਂ ਕਾਰਨ ਸੰਕਟ ਦਾ ਸਾਹਮਣਾ ਕਰ ਰਹੇ ਪੰਜਾਬ ਦੀ ਸਹਾਇਤਾ ਲਈ ਸਭ ਲੋੜੀਂਦੇ ਕਦਮ ਉਠਾਏ ਜਾਣਗੇ।

ਵਾਤਾਵਰਣ ਵਿਭਾਗ ਵੱਲੋਂ ਵਿਸ਼ਵ ਓਜ਼ੋਨ ਦਿਵਸ

ਚੰਡੀਗੜ੍ਹ, 16 ਸਤੰਬਰ (ਅੰਮ੍ਰਿਤਪਾਲ ਸਿੰਘ) : ਚੰਡੀਗੜ੍ਹ ਪ੍ਰਸ਼ਾਸਨ ਦੇ ਵਾਤਾਵਰਣ ਵਿਭਾਗ ਨੇ ਬੋਟੈਨੀਕਲ ਗਾਰਡਨ, ਸਾਰੰਗਪੁਰ, ਚੰਡੀਗੜ੍ਹ ਵਿਖੇ ਵਿਸ਼ਵ ਓਜ਼ੋਨ ਦਿਵਸ 2025 ਦਾ ਆਯੋਜਨ ਕੀਤਾ। ਇਸ ਸਾਲ ਦਾ ਥੀਮ ਮਾਂਟਰੀਅਲ ਪ੍ਰੋਟੋਕੋਲ: ਇੱਕ ਟਿਕਾਊ ਭਵਿੱਖ ਲਈ ਗਲੋਬਲ ਸਹਿਯੋਗ÷ ਸੀ। ਇਹ ਸਮਾਗਮ ਯੂਟੀ ਚੰਡੀਗੜ੍ਹ ਦੇ ਸਕੂਲਾਂ ਅਤੇ ਸਥਾਨਕ ਗੈਰ-ਸਰਕਾਰੀ ਸੰਗਠਨਾਂ (ਐਨਜੀਓ) ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ ਅਤੇ ਇਸ ਵਿੱਚ 150 ਤੋਂ ਵੱਧ ਵਿਦਿਆਰਥੀ, ਅਧਿਆਪਕ ਅਤੇ ਵਾਤਾਵਰਣ ਪ੍ਰੇਮੀ ਸ਼ਾਮਲ ਹੋਏ ਸਨ। ਸ੍ਰੀ ਸੌਰਭ ਕੁਮਾਰ, ਆਈਐਫਐਸ, ਮੁੱਖ ਜੰਗਲਾਤ ਸੰਭਾਲਕਰਤਾ ਕਮ ਨਿਰਦੇਸ਼ਕ (ਵਾਤਾਵਰਣ), ਚੰਡੀਗੜ੍ਹ ਪ੍ਰਸ਼ਾਸਨ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਅੰਤਰ-ਸਕੂਲ ਪੇਂਟਿੰਗ ਮੁਕਾਬਲਾ, ਸਲੋਗਨ ਲਿਖਣ ਮੁਕਾਬਲਾ ਅਤੇ ਕੁਇਜ਼ ਮੁਕਾਬਲਾ ਸ਼ਾਮਲ ਸੀ ਜਿਸਦਾ ਉਦੇਸ਼ ਜਾਗਰੂਕਤਾ ਫੈਲਾਉਣਾ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਡਿਸਕਵਰੀ ਤੋਂ ਰਿਕਵਰੀ: ਇੱਕ ਵਿਗਿਆਨਕ ਯਾਤਰਾ ਸਿਰਲੇਖ ਵਾਲੀ ਇੱਕ ਵਿਦਿਅਕ ਫਿਲਮ ਦੀ ਸਕ੍ਰੀਨਿੰਗ ਨਾਲ ਹੋਈ ਜਿਸ ਵਿੱਚ ਅੰਟਾਰਕਟਿਕਾ ਉੱਤੇ ਓਜ਼ੋਨ ਛੇਕ ਦੀ ਖੋਜ ਅਤੇ ਇਸਦੀ ਹੌਲੀ-ਹੌਲੀ ਰਿਕਵਰੀ ਲਈ ਕੀਤੇ ਗਏ ਵਿਸ਼ਵਵਿਆਪੀ ਯਤਨਾਂ ਨੂੰ ਦਰਸਾਇਆ ਗਿਆ ਸੀ। ਫਿਲਮ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਤੱਥਾਂ ਤੋਂ ਦਿਲਚਸਪ ਢੰਗ ਨਾਲ ਜਾਣੂ ਕਰਵਾਇਆ। ਇਸ ਮੌਕੇ 'ਤੇ, ਵਿਭਾਗ ਵੱਲੋਂ ਓਜ਼ੋਨ ਸੁਰੱਖਿਆ ਬਾਰੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਗਿਆਨ ਸਮੱਗਰੀ ਵੀ ਜਾਰੀ ਕੀਤੀ ਗਈ, ਜੋ ਵਿਦਿਆਰਥੀਆਂ ਵਿੱਚ ਵੰਡੀ ਗਈ। ਇਸ ਕਿਤਾਬਚੇ ਵਿੱਚ ਓਜ਼ੋਨ ਪਰਤ ਦੀ ਮਹੱਤਤਾ, ਧਰਤੀ 'ਤੇ ਜੀਵਨ ਦੀ ਰੱਖਿਆ ਵਿੱਚ ਇਸਦੀ ਭੂਮਿਕਾ ਅਤੇ ਮਾਂਟਰੀਅਲ ਪ੍ਰੋਟੋਕੋਲ ਬਾਰੇ ਵਿਸਤ੍ਰਿਤ ਜਾਣਕਾਰੀ ਸੀ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਅਨੂਪ ਕੁਮਾਰ, ਆਈਐਫਐਸ, ਜੰਗਲਾਤ ਸੰਭਾਲਕਰਤਾ ਕਮ ਵਧੀਕ ਨਿਰਦੇਸ਼ਕ (ਵਾਤਾਵਰਣ) ਨੇ ਗੁੰਝਲਦਾਰ ਵਿਗਿਆਨਕ ਤੱਥਾਂ ਨੂੰ ਸਰਲ ਭਾਸ਼ਾ ਵਿੱਚ ਸਮਝਾਇਆ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਰਾਜਦੂਤ ਬਣਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਆਪਣੇ ਸਾਥੀਆਂ ਅਤੇ ਭਾਈਚਾਰਿਆਂ ਵਿੱਚ ਜਾਗਰੂਕਤਾ ਫੈਲਾ ਸਕਣ। ਮੁੱਖ ਮਹਿਮਾਨ ਸ੍ਰੀ ਸੌਰਭ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਵਿਸ਼ਵ ਓਜ਼ੋਨ ਦਿਵਸ ਦੀ ਮਹੱਤਤਾ @ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ, ਅਧਿਆਪਕਾਂ, ਵਿਭਾਗ ਅਤੇ ਭਾਈਵਾਲ ਸੰਗਠਨਾਂ ਦੇ ਉਤਸ਼ਾਹ ਅਤੇ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕੀਤੀ।

ਪੰਜਾਬ ਸਰਕਾਰ

ਟੈਂਡਰ ਹਵਾਲਾ ਨੰਬਰ ਐਮਸੀ ਪਠਾਨਕੋਟ/205/ਸੀਈ/2025-26

ਨਗਰ ਨਿਗਮ ਪਠਾਨਕੋਟ ਦੇ ਵਿਭਾਗ ਵੱਲੋਂ ਵਿਕਾਸ ਕਾਰਜਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ :-

ਬੰਦ ਹੋਣ ਦੀ ਮਿਤੀ ਅਤੇ ਸਮਾਂ : 29.09.2025 ਨੂੰ (ਸ਼ਾਮ 05.00 ਵਜੇ)
ਡੀਐਨਆਈਟੀ ਦੀ ਲੜੀ ਨੰ.1 'ਤੇ ਦਰਸਾਏ ਕੰਮ ਲਈ ਪੂਰਵ ਬੋਲੀ ਬੈਠਕ ਦੀ ਮਿਤੀ ਅਤੇ ਸਮਾਂ 24.09.2025 (ਸਵੇਰੇ 11.00 ਵਜੇ) ਐਮ.ਸੀ. ਦਫ਼ਤਰ ਵਿਖੇ
ਵੇਰਵਿਆਂ ਲਈ ਲਾਗ ਆਨ ਕਰੋ : https://eproc.punjab.gov.in

ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (†) ਉਕਤ ਵੈਬਸਾਈਟ 'ਤੇ ਪਾਈ ਜਾਵੇਗੀ।

ਸਹੀ/-ਨਿਗਮ ਇੰਜੀਨੀਅਰ,
ਨਗਰ ਨਿਗਮ, ਪਠਾਨਕੋਟ

RO.No.PR-Advt. No. 3184/12/2025-26/3225/Dated CHD : 16/09/2025

ਰਾਸ਼ਟਰੀ ਤਕਨਾਲੋਜੀ ਸੰਸਥਾ ਦਿੱਲੀ

NATIONAL INSTITUTE OF TECHNOLOGY DELHI

(ਸਿੱਖਿਆ ਮੰਤਰਾਲਾ ਭਾਰਤ ਸਰਕਾਰ ਦੇ ਅਧੀਨ ਇੱਕ ਖੁਦਮੁਖਤਿਆਰ ਸੰਸਥਾ)
(An autonomous Institute under the aegis of Ministry of Education (Shiksha Mantralaya), Govt. of India)
Plot No. FA7, Zone P1, GT Karnal Road, Delhi-110036, INDIA

ਟੈਲੀਫੋਨ/Tele : +9111-33861000, 1001, ਵੈਬਸਾਈਟ/Website : www.nitdelhi.ac.in

F.No.NITD/01/Admn/625/2025-26 ਮਿਤੀ : 16.09.2025

ਇਸ਼ਤਿਹਾਰ ਨੰ: 14/2025

ਫੈਕਲਟੀ ਅਹੁਦਿਆਂ ਦੀ ਭਰਤੀ

ਐਨਆਈਟੀ ਦਿੱਲੀ ਦੇ ਵੱਖ-ਵੱਖ ਵਿਭਾਗਾਂ ਵਿੱਚ ਵੱਖ-ਵੱਖ ਤਨਖਾਹ ਪੱਧਰਾਂ 'ਤੇ ਫੈਕਲਟੀ ਅਹੁਦਿਆਂ 'ਤੇ ਭਰਤੀ ਲਈ ਭਾਰਤੀ ਨਾਗਰਿਕਾਂ ਤੋਂ ਔਨਲਾਈਨ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ। ਰਾਖਵੇਂਕਰਨ ਭਾਰਤ ਸਰਕਾਰ ਦੇ ਨਿਯਮਾਂ ਅਨੁਸਾਰ ਲਾਗੂ ਹੋਣਗੇ। ਯੋਗਤਾ ਮਾਪਦੰਡ, ਵਿਭਾਗ-ਵਾਰ ਅਸਾਮੀਆਂ, ਤਨਖਾਹ ਪੱਧਰਾਂ ਅਤੇ ਹੋਰ ਸੰਬੰਧਿਤ ਨਿਰਦੇਸ਼ਾਂ ਬਾਰੇ ਵਿਸਤ੍ਰਿਤ ਜਾਣਕਾਰੀ ਸੰਸਥਾ ਦੀ ਅਧਿਕਾਰਤ ਵੈੱਬਸਾਈਟ: www.nitdelhi.ac.in 'ਤੇ ਉਪਲਬਧ ਹੈ।

- ਆਨਲਾਈਨ ਅਰਜ਼ੀ ਪੋਰਟਲ 18.09.2025 ਤੋਂ 17.10.2025 ਤੱਕ ਖੁੱਲ੍ਹਾ ਰਹੇਗਾ।
- ਪੂਰੀ ਤਰ੍ਹਾਂ ਭਰੇ ਹੋਏ ਅਤੇ ਦਸਤਖਤ ਕੀਤੇ ਅਰਜ਼ੀ ਫਾਰਮ ਦੀ ਹਾਰਡ ਕਾਪੀ, ਸਾਰੇ ਲੋੜੀਂਦੇ ਸਵੈ-ਪ੍ਰਮਾਣਿਤ ਸਹਾਇਕ ਦਸਤਾਵੇਜ਼ਾਂ ਦੇ ਨਾਲ, 31.10.2025 ਨੂੰ ਜਾਂ ਇਸ ਤੋਂ ਪਹਿਲਾਂ (ਸ਼ਾਮ 5:00 ਵਜੇ ਤੱਕ) ਸੰਸਥਾ ਨੂੰ ਪਹੁੰਚ ਜਾਣੀ ਚਾਹੀਦੀ ਹੈ।

ਸਹੀ/-
(ਰਜਿਸਟਰਾਰ)

cbc21275/12/0002/2526

ਡਾ ਅਰਵਿੰਦ ਪਾਲ ਸਿੰਘ ਨੇ ਬਤੌਰ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਅਹੁੱਦਾ ਸੰਭਾਲਿਆ

ਫਤਿਹਗੜ੍ਹ ਸਾਹਿਬ, 16 ਸਤੰਬਰ (ਹਰਪ੍ਰੀਤ ਕੌਰ ਟਿਵਾਣਾ) :- ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਹੁਕਮਾਂ ਅਨੁਸਾਰ ਡਾ ਅਰਵਿੰਦ ਪਾਲ ਸਿੰਘ ਨੇ ਜਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਬਤੌਰ ਸਿਵਲ ਸਰਜਨ ਆਪਣਾ ਅਹੁੱਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਡਾ ਅਰਵਿੰਦ ਪਾਲ ਸਿੰਘ ਜੋ ਕਿ ਅੱਖਾਂ ਦੇ ਰੋਗਾਂ ਦੇ ਮਾਹਿਰ (ਐਮ.ਐਸ, ਆਈ) ਹਨ ਸਿਵਲ ਸਰਜਨ ਮਾਨਸਾ ਵਿਖੇ ਤਾਇਨਾਤ ਸਨ। ਫਤਿਹਗੜ੍ਹ ਸਾਹਿਬ ਵਿਖੇ ਅਹੁਦਾ ਸੰਭਾਲਣ ਮੌਕੇ ਵਿਭਾਗ ਦੇ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਡਾ ਅਰਵਿੰਦ ਪਾਲ ਨੇ ਕਿਹਾ ਕਿ ਉਹ ਖੁਸ਼ੀ ਮਹਿਸੂਸ ਕਰ ਕਰ ਰਹੇ ਹਨ ਕਿ ਉਹਨਾਂ ਨੂੰ ਸ਼ਹੀਦਾਂ ਦੀ ਧਰਤੀ ਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਉਹਨਾਂ ਕਿਹਾ ਕਿ ਵਿਭਾਗ ਵੱਲੋਂ ਜੋ ਜਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਮਿਹਨਤ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਹਨਾਂ ਕਿਹਾ ਕਿ ਉਹ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਮਿਆਰੀ ਸਿਹਤ ਸਹੂਲਤਾਂ ਜਿਲ੍ਹੇ ਦੇ ਸਾਰੇ ਲੋਕਾਂ ਤੱਕ ਪੁਹੰਚਾਉਣ ਲਈ ਵਚਨਬੱਧ ਹੋਣਗੇ।

ਪੰਜਾਬ ਨੈਸ਼ਨਲ ਬੈਂਕ
ਭਰੋਸੇ ਦਾ ਪ੍ਰਤੀਕ !

pnb punjab national bank ...the name you can BANK upon!

ਮਿਊਂਸਪਲ ਕਾਰਪੋਰੇਸ਼ਨ ਸ਼ਾਖਾ, ਸੈਕਟਰ 17-ਈ, ਚੰਡੀਗੜ੍ਹ, ਈਮੇਲ ; bo225210@pnb.co.in

ਸੰਕੇਤਕ ਕਬਜ਼ਾ ਸੂਚਨਾ (ਅਚੱਲ ਸੰਪੱਤੀ/ਆਂ ਦੇ ਲਈ)

ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਦੇ ਨਿਯਮ 8(6) ਦੇ ਨਾਲ ਪੜ੍ਹੇ ਗਏ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਹਿੱਤ ਲਾਗੂ ਕਰਨ (ਦੂਜਾ) ਆਰਡੀਨੈਂਸ, 2002 ਦੀ ਧਾਰਾ 13(4) ਦੇ ਤਹਿਤ ਨੋਟਿਸ।

ਜਦੋਂ ਕਿ, ਪੰਜਾਬ ਨੈਸ਼ਨਲ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਹੇਠ ਹਸਤਾਖਰ ਕਰਨ ਵਾਲੇ ਨੇ ਇੱਥੇ ਦੱਸੀ ਗਈ ਮਿਤੀ ਨੂੰ ਕਰਜ਼ਾ ਲੈਣ ਵਾਲੇ(ਆਂ) ਨੂੰ ਇੱਕ ਮੰਗ ਨੋਟਿਸ ਜਾਰੀ ਕੀਤਾ ਜਿਸ ਵਿੱਚ ਕਰਜ਼ਦਾਰ (†) ਨੂੰ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਵਾਪਸ ਕਰਨ ਲਈ ਕਿਹਾ ਗਿਆ ਹੈ।

ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ, ਕਰਜ਼ਦਾਰ/ਜ਼ਾਮਨ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13 ਦੀ ਉਪ-ਧਾਰਾ (4) ਦੇ ਤਹਿਤ ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲਿਆ ਹੈ।

ਖਾਸ ਕਰਕੇ ਕਰਜ਼ਦਾਰ/ਜ਼ਾਮਨਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਜਾਇਦਾਦ ਨਾਲ ਲੈਣ-ਦੇਣ ਨਾ ਕਰਨ ਦੀ ਚੇਤਾਵਨੀ ਦਿੱਤੀ ਜਾਂਦੀ ਹੈ ਅਤੇ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਦੇ ਚਾਰਜ ਦੇ ਅਧੀਨ ਹੋਵੇਗਾ, ਹੇਠਾਂ ਦੱਸੀ ਗਈ ਰਕਮ(ਰਾਂ) ਅਤੇ ਉਸ @ਤੇ ਵਿਆਜ ਲਈ।

ਕਰਜ਼ਦਾਰ/ਜ਼ਾਮਨ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ।

ਕਰਜ਼ਦਾਰ (†)/ਜ਼ਾਮਨ (†)/ਗਿਰਵੀਕਾਰ (†) ਦਾ ਨਾਮ	ਅਚੱਲ ਸੰਪੱਤੀ/ਆਂ ਦੇ ਵੇਰਵੇ	ਮੰਗ ਸੂਚਨਾ ਦੀ ਮਿਤੀ	ਸੰਕੇਤਕ ਕਬਜ਼ੇ ਦੀ ਮਿਤੀ	ਵਸੂਲੀਯੋਗ ਰਕਮ
ਕਰਜ਼ਦਾਰ:- ਸ੍ਰੀ ਗੁਰਮੁਖ ਸਿੰਘ, ਪਤਾ-1:- 1368, ਮੋਰੀ ਗੇਟ ਮਨੀਮਾਜਰਾ, ਚੰਡੀਗੜ੍ਹ-160101। ਪਤਾ-2:- ਮਕਾਨ ਨੰ. 95, ਗੋਬਿੰਦ ਵਿਹਾਰ, ਐਕਸਟੈਂਸ਼ਨ ਪਿੰਡ ਦੱਪਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੋਹਾਲੀ।	ਰਿਹਾਇਸ਼ੀ ਜਾਇਦਾਦ ਆਈਡੀ ਨੰਬਰ PT-1505-1590420 ਆਕਾਰ 21 X 45 = 105 ਵਰਗ, ਗੋਬਿੰਦ ਵਿਹਾਰ ਐਕਸਟੈਂਸ਼ਨ, ਪਿੰਡ ਦੱਪਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੋਹਾਲੀ ਮਾਪਣਾ 2 ਬਿਸਵਾ